# ਦਫ਼ਤਰ ਨਗਰ ਨਿਗਮ, ਹੁਸ਼ਿਆਰਪੁਰ।

# ਪ੍ਰੈਸ ਨੋਟ

## ਤਿਕਸ਼ਨ ਸੂਦ ਨੇ ਵਾਰਡ ਨੰ: 27 ਦੇ ਮੁਹੱਲਾ ਕੀਰਤੀ ਨਗਰ ਵਿਖੇ 20 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੀਆਂ ਪੱਕੀਆਂ ਗਲੀਆਂ ਦੇ ਕੰਮ ਦੀ ਕੀਤੀ ਸ਼ੁਰੂਆਤ

ਹੁਸ਼ਿਆਰਪੁਰ 12 ਦਸੰਬਰ ਨਗਰ ਨਿਗਮ ਦੇ ਵੱਖ ਵੱਖ ਵਾਰਡਾਂ ਵਿਚ ਪੀਣ ਵਾਲੇ ਪਾਣੀ ਅਤੇ 100% ਸੀਵਰੇਜ਼ ਪਾਉਣ ਨਾਲ ਖਰਾਬ ਹੋਈਆਂ ਗਲੀਆਂ ਦੇ ਨਵ ਨਿਰਮਾਣ ਦਾ ਕੰਮ ਸ਼ੁਰੂ ਕੀਤਾ ਗਿਆ ਹੈ ਇਹ ਜਾਣਕਾਰੀ ਮੁੱਖ ਮੰਤਰੀ ਪੰਜਾਬ ਦੇ ਰਾਜਨੀਤਿਕ ਸਲਾਹਕਾਰ ਤਿਕਸ਼ਨ ਸੂਦ ਨੇ ਅੱਜ ਵਾਰਡ ਨੰ: 27 ਦੇ ਮੁਹੱਲਾ ਕੀਰਤੀ ਨਗਰ ਵਿਖੇ 20 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੀਆਂ ਪੱਕੀਆਂ ਗਲੀਆਂ ਦੇ ਕੰਮ ਦੀ ਸ਼ੁਰੂਆਤ ਮੁਹੱਲੇ ਦੇ ਬਜੁਰਗ ਓਮ ਪ੍ਰਕਾਸ਼ ਲੂਥਰਾ ਤੋਂ ਰੀਬਨ ਕੱਟਵਾ ਕੇ ਕਰਨ ਮੌਕੇ ਦਿੰਦਿਆ ਦੱਸਿਆ ਕਿ ਮੁਹੱਲੇ ਦੇ ਲੋਕਾਂ ਵਲੋਂ ਮੰਗ ਕੀਤੀ ਜਾ ਰਹੀ ਸੀ ਕਿ ਗਲੀਆਂ ਵਿਚ ਸੀਵਰੇਜ਼ ਅਤੇ ਵਾਟਰ ਸਪਲਾਈ ਪਾਉਣ ਉਪਰੰਤ ਗਲੀਆਂ ਕਾਫੀ ਖਰਾਬ ਹੋ ਗਈਆ ਹਨ ਜਿਸ ਕਾਰਨ ਮੁਹੱਲਾ ਵਾਸੀਆਂ ਨੂੰ ਆਉਣ ਜਾਣ ਵਿਚ ਕਾਫੀ ਪਰੇਸ਼ਾਨੀ ਹੋ ਰਹੀ ਹੈ ਮੁਹੱਲਾ ਵਾਸੀਆਂ ਦੀ ਮੰਗ ਨੂੰ ਦੇਖਦੇ ਹੋਏ ਅੱਜ ਗਲੀਆਂ ਨੂੰ ਪੱਕਾ ਬਣਾਉਣ ਦੇ ਕੰਮ ਦੀ ਸ਼ੁਰੂਆਤ ਕੀਤੀ ਗਈ ਹੈ ਉਹਨਾਂ ਦੱਸਿਆ ਕਿ ਨਗਰ ਨਿਗਮ ਵਲੋਂ ਹਰ ਵਾਰਡ ਵਿਚ ਵਿਕਾਸ ਦੇ ਕੰਮ ਬਿਨਾਂ ਭੇਦ ਭਾਵ ਨਾਲ ਕਰਵਾਏ ਜਾ ਰਹੇ ਹਨ ਅਤੇ ਵਿਕਾਸ ਕਾਰਜਾਂ ਵਿਚ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।

ਮੁਹੱਲਾ ਸੁਧਾਰ ਕਮੇਟੀ ਕੀਰਤੀ ਨਗਰ ਦੇ ਮੈਂਬਰਾਂ ਨੇ ਤਿਕਸ਼ਨ ਸੂਦ ਅਤੇ ਮੇਅਰ ਸ਼ਿਵ ਸੂਦ ਵਲੋਂ ਗਲੀਆਂ ਨੂੰ ਪੱਕਾ ਬਣਾਉਣ ਦੇ ਕੰਮ ਦੀ ਸ਼ੁਰੂਆਤ ਕਰਨ ਤੇ ਉਹਨਾਂ ਦਾ ਧੰਨਵਾਦ ਕੀਤਾ। ਨਗਰ ਨਿਗਮ ਦੇ ਜੇ.ਈ ਲਵਦੀਪ, ਮੰਡਲ ਪ੍ਰਧਾਨ ਅਸ਼ਵਨੀ ਓਹਰੀ, ਅਨੰਦਵੀਰ ਸਿੰਘ, ਵਿਨੋਦ ਪਰਮਾਰ, ਕੌਂਸਲਰ ਬਲਵਿੰਦਰ ਬਿੰਦੀ, ਹਰੀਸ਼ ਕੁਮਾਰ, ਰਾਮਦੇਵ ਯਾਦਵ, ਕੇਵਲ ਸਿੰਘ, ਦਰਸ਼ਨ ਸਿੰਘ, ਗੁਰਪ੍ਰੀਤ ਸਿੰਘ, ਹਰਮੇਸ਼ ਲਾਲ, ਓਮ ਪ੍ਰਕਾਸ਼, ਕਰਨ ਸਿੰਘ, ਓਮ, ਮਨਜੀਤ ਠਾਕੁਰ, ਕਾਲਾ ਸਿੰਘ, ਲਾਲ ਬਾਬੂ, ਰਾਜਨ ਸਾਹਨੀ ਅਤੇ ਮੁਹੱਲਾ ਨਿਵਾਸੀ ਇਸ ਮੌਕੇ ਤੇ ਹਾਜ਼ਰ ਸਨ।